# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 28-08-2025**

ਬੀਤੇ ਕੁਝ ਦਿਨਾਂ ਤੋਂ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਵਿਚ ਹੋਈ ਬਾਰਿਸ਼ ਕਾਰਨ ਸੂਬੇ ਵਿਚ ਦਰਿਆਵਾਂ ਨੇੜਲੇ ਅਨੇਕਾਂ ਪਿੰਡ ਪ੍ਰਭਾਵਿਤ ਹੋਏ ਨੇ ਤੇ ਸੈਂਕੜੇ ਏਕੜ ਖੇਤੀਬਾੜੀ ਜ਼ਮੀਨ ਡੁੱਬ ਗਈ ਏ। ਭਾਰਤੀ ਹਵਾਈ ਸੈਨਾ ਦੇ ਹੈਲੀਕਾਪਟਰਾਂ ਅਤੇ ਐਨਡੀਆਰਐਫ ਤੇ ਬੀਐਸਐਫ ਦੀਆਂ ਕਿਸ਼ਤੀਆਂ ਨੇ ਸਾਂਝੇ ਤੌਰ 'ਤੇ ਪਠਾਨਕੋਟ, ਫਿਰੋਜ਼ਪੁਰ ਅਤੇ ਕੁਝ ਹੋਰ ਖੇਤਰਾਂ ਤੋਂ ਹਜ਼ਾਰਾਂ ਲੋਕਾਂ ਨੂੰ ਬਾਹਰ ਕੱਢਿਆ ਏ। ਉਧਰ ਅੰਮ੍ਰਿਤਸਰ ਦੇ ਰਮਦਾਸ ਇਲਾਕੇ ਵਿੱਚ ਪਾਣੀ ਵਿੱਚ ਘਿਰੇ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਉੱਤੇ ਲਿਆਉਣ ਦਾ ਕੰਮ ਸਵੇਰ ਤੋਂ ਜਾਰੀ ਏ । ਰੈਸਕਿਊ ਆਪਰੇਸ਼ਨ ਚਲਾ ਰਹੀਆਂ ਟੀਮਾਂ ਵੱਖ ਵੱਖ ਪਿੰਡਾਂ ਚੋਂ ਲੋਕਾਂ ਨੂੰ ਕੱਢ ਰਹੀਆਂ ਨੇ ਅਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਸਾਰਿਆਂ ਨੂੰ ਰਾਹਤ ਸਮੱਗਰੀ ਦੇ ਨਾਲ ਨਾਲ

ਖਾਣਾ ਵੀ ਮੁਹੱਇਆ ਕਰਵਾਇਆ ਜਾ ਰਿਹਾ ਏ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ...

**Byte**

ਇਸ ਦੌਰਾਨ, ਮੌਸਮ ਵਿਭਾਗ ਨੇ ਅੱਜ ਪੰਜਾਬ ਵਿੱਚ ਮੀਂਹ ਦੀ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ ਪਰ ਰਾਜ ਦੇ ਕੁਝ ਹਿੱਸਿਆਂ ਵਿੱਚ ਹਲਕੀ ਬਾਰਿਸ਼ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਏ।

---------------------------------------------------

ਪਸ਼ੂ ਪਾਲਣ ਵਿੱਚ ਪੰਜਾਬ ਦੇ ਮਿਸਾਲੀ ਕੰਮ ਨੂੰ ਮਾਨਤਾ ਦਿੰਦਿਆਂ ਕੇਂਦਰ ਸਰਕਾਰ ਨੇ ਪਸ਼ੂ ਪਾਲਕਾਂ ਨੂੰ ਅਹਿਮ ਜਾਣਕਾਰੀ ਦੇਣ ਅਤੇ ਵੱਖ-ਵੱਖ ਪਸਾਰ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਵਾਸਤੇ ਯੂਟਿਊਬ ਅਤੇ ਫੇਸਬੁੱਕ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਸੁਚੱਜੀ ਵਰਤੋਂ ਲਈ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੀ ਸ਼ਲਾਘਾ ਕੀਤੀ ਏ। ਕੇਂਦਰ ਸਰਕਾਰ ਦੇ ਪਸ਼ੂ ਪਾਲਣ ਤੇ ਡੇਅਰੀ ਵਿਭਾਗ ਦੇ ਵਧੀਕ ਸਕੱਤਰ ਸ਼੍ਰੀਮਤੀ ਵਰਸ਼ਾ ਜੋਸ਼ੀ ਦੀ ਪ੍ਰਧਾਨਗੀ ਹੇਠ ਹੋਈ ਉੱਤਰੀ ਰਾਜਾਂ ਅਤੇ ਕੇਂਦਰ ਸ਼ਾਸਤ

ਪ੍ਰਦੇਸ਼ਾਂ ਦੀ ਖੇਤਰੀ ਸਮੀਖਿਆ ਮੀਟਿੰਗ ਵਿੱਚ ਪਸ਼ੂਧਨ ਸਿਹਤ ਰੋਗ ਨਿਯੰਤਰਣ ਪ੍ਰੋਗਰਾਮ ਅਤੇ ਰਾਸ਼ਟਰੀ ਪਸ਼ੂਧਨ ਮਿਸ਼ਨ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਇਸ ਮੀਟਿੰਗ ਦੌਰਾਨ ਪ੍ਰਵਾਨਿਤ ਸਾਲਾਨਾ ਕਾਰਜ ਯੋਜਨਾਵਾਂ ਅਨੁਸਾਰ ਸਾਲ 2024-25 ਲਈ ਪਸ਼ੂਧਨ ਸਿਹਤ ਅਤੇ ਵਿਕਾਸ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਦੇ ਨਾਲ- ਨਾਲ ਸਾਲ 2025-26 ਲਈ ਯੋਜਨਾਵਾਂ ਤਿਆਰ ਕਰਨ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਵਿਭਾਗ ਦੀਆਂ ਮੁੱਖ ਪ੍ਰਾਪਤੀਆਂ ’ਤੇ ਚਾਨਣਾ ਪਾਇਆ।

--------------------------------------------------------

ਸ੍ਰੀ ਗੁਰੂ ਨਾਨਕ ਦੇਵ ਜੀ ਦਾ 538ਵਾਂ ਵਿਆਹ ਪੁਰਬ ਦਾ ਤਿੰਨ ਦਿਨਾ ਦਾ ਜੋੜ ਮੇਲਾ ਅੱਜ ਸ਼ੁਰੂ ਹੋ ਗਿਆ ਏ। ਅੱਜ ਪਹਿਲੇ ਦਿਨ ਇਤਹਾਸਿਕ ਗੁਰੂਦਵਾਰਾ ਸ੍ਰੀ ਕੰਧ ਸਾਹਿਬ ਅਤੇ ਡੇਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਈ। ਇਸ ਮੌਕੇ ਵੱਡੀ ਗਿਣਤੀ ਸੰਗਤ ਸਵੇਰ ਤੋਂ ਹੀ ਇਤਹਾਸਿਕ ਗੁਰਦਵਾਰਾ ਸਾਹਿਬ ਵਿਖੇ ਨਤਮਸਤੱਕ ਹੋਣ ਲਈ

ਪਹੁੰਚ ਰਹੀ ਏ। ਐਸਜੀਪੀਸੀ ਮੈਂਬਰ ਗੁਰਵਿੰਦਰ ਪਾਲ ਸਿੰਘ ਗੋਰਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾ ਇਸ ਵਿਆਹ ਪੁਰਬ ਨੂੰ ਲੈਕੇ ਪੂਰੀ ਧਾਰਮਿਕ ਮਰਿਯਾਦਾ ਨਾਲ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ ਨੇ ਅਤੇ 30 ਅਗਸਤ ਨੂੰ ਭੋਗ ਪਾਏ ਜਾਣਗੇ ਅਤੇ 30 ਅਗਸਤ ਨੂੰ ਬਟਾਲਾ ਚ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ । ਉਥੇ ਹੀ ਸੰਗਤਾਂ ਦਾ ਕਹਿਣਾ ਸੀ ਕੀ ਇਸ ਦਿਹਾੜੇ ਦੀ ਉਹਨਾਂ ਨੂੰ ਹਰ ਸਾਲ ਉਡੀਕ ਰਹਿੰਦੀ ਏ ਅਤੇ ਪੂਰੀ ਸ਼ਰਧਾ ਭਾਵਨਾ ਨਾਲ ਗੁਰੂ ਜੀ ਦਾ ਵਿਆਹ ਪੁਰਬ ਮਨਾਇਆ ਜਾਂਦਾ ਹੈ ।

-----------------------------------------------------

ਉਧਰ ਵਿਆਹ ਪੁਰਬ ਦੀਆਂ ਤਿਆਰੀਆ ਸਬੰਧੀ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਟੀਮ ਨਾਲ ਸ਼ਹਿਰ ਦੇ ਸਫਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਗੁਰਦਵਾਰਾ ਸਾਹਿਬ ਨੇੜੇ ਸਫਾਈ ਨਾ ਹੋਣ ਕਾਰਨ ਉਨ੍ਹਾਂ ਨੇ ਨਿਗਮ ਨਿਗਮ ਕਮਿਸ਼ਨਰ ਨੂੰ ਸੈਨੇਟਰੀ ਇੰਸਪੈਕਟਰ ਵਿਕਾਸ ਵਾਸੂਦੇਵ ਨੂੰ ਮੁਅੱਤਲ ਕਰਨ ਦੇ ਹੁਕਮ ਦਿੱਤੇ। ਵਿਧਾਇਕ ਨੇ ਕਿਹਾ ਕਿ ਕੋਈ ਵੀ ਲਾਪਰਵਾਹੀ ਬਰਦਾਸਤ ਨਹੀਂ

ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਵਿਆਹ ਪੁਰਬ ਸਮਾਗਮ ਦੌਰਾਨ ਸੰਗਤ ਨੂੰ ਕੋਈ ਮੁਸ਼ਕਿਲ ਨਾ ਆਵੇ ਇਸ ਲਈ ਇਕ ਟੋਲ ਫ੍ਰੀ ਨੰਬਰ ਵੀ ਜਾਰੀ ਕੀਤਾ ਗਿਆ ਏ।

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਤਰਨ ਤਾਰਨ ਵਿਧਾਨ ਸਭਾ ਹਲਕੇ ਵਿੱਚ ਪੋਲਿੰਗ ਸਟੇਸ਼ਨਾਂ ਦੇ ਰੈਸ਼ਨੇਲਾਈਜੇਸ਼ਨ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਏ। ਇਸ ਵਿਧਾਨ ਸਭਾ ਹਲਕੇ ਵਿੱਚ ਜਲਦ ਹੀ ਜ਼ਿਮਨੀ ਚੋਣ ਹੋਣ ਵਾਲੀ ਏ। ਉਨ੍ਹਾਂ ਕਿਹਾ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕ ਸੰਗਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਵੱਲੋਂ ਜ਼ਿਲ੍ਹਾ ਚੋਣ ਅਫਸਰ ਤੇ ਡਿਪਟੀ ਕਮਿਸ਼ਨਰ ਦੀ ਨਿਗਰਾਨੀ ਹੇਠ ਕੀਤਾ ਗਿਆ ਸੀ। ਇਹ ਯਕੀਨੀ ਬਣਾਇਆ ਗਿਆ ਏ ਕਿ ਪ੍ਰਤੀ ਪੋਲਿੰਗ ਸਟੇਸ਼ਨ 1200 ਤੋਂ ਵੱਧ ਵੋਟਰ ਨਾ ਹੋਣ। ਇਸ ਪ੍ਰਕਿਰਿਆ ਦੌਰਾਨ ਸਿਆਸੀ ਪਾਰਟੀਆਂ ਦੇ ਸਲਾਹ-ਮਸ਼ਵਰੇ ਨਾਲ ਸੱਤ ਪੋਲਿੰਗ ਸਟੇਸ਼ਨ ਬਣਾਏ ਗਏ ਸਨ। ਇਸ ਸੋਧ ਦੇ ਨਾਲ ਹਲਕੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ ਹੁਣ 222 ਹੋ ਗਈ ਏ।

---

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਡਾ. ਅੰਬੇਡਕਰ ਇੰਸਟੀਚਿਊਟ ਆਫ਼ ਕਰੀਅਰਜ਼ ਐਂਡ ਕੋਰਸਜ਼, ਮੋਹਾਲੀ ਸਬੰਧੀ ਲੱਗੀਆਂ ਖਬਰਾਂ ਦਾ ਸੂ-ਮੋਟੋ ਲੈਂਦਿਆਂ ਡਾਇਰੈਕਟਰ ਸਮਾਜਿਕ ਨਿਆਂ ਤੇ ਅਧਿਕਾਰਤਾ ਨੂੰ ਨਿੱਜੀ ਪੱਧਰ ‘ਤੇ ਤਲਬ ਕੀਤਾ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਨੇ ਦੱਸਿਆ ਕਿ ਅਖਬਾਰ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ ਕਿ ਇੰਸਟੀਚਿਊਟ ਖੰਡਰ ਬਣਦਾ ਜਾ ਰਿਹਾ ਏ, ਜਿਸ ਦਾ ਕਮਿਸ਼ਨ ਵੱਲੋਂ ਸੂ-ਮੋਟੋ ਲੈਂਦਿਆਂ ਡਾਇਰੈਕਟਰ ਸਮਾਜਿਕ ਨਿਆਂ ਅਤੇ ਅਧਿਕਾਰਤਾ ਨੂੰ 2 ਸਤੰਬਰ ਨੂੰ ਨਿੱਜੀ ਤੌਰ ‘ਤੇ ਪੇਸ਼ ਹੋਣ ਲਈ ਕਿਹਾ ਗਿਆ ਏ।